ਦਫਤਰ ਚੋਣਕਾਰ ਰਜਿਸਟ੍ਰੇਸ਼ਨ ਅਫਸਰ 095 ਮੌੜ ਵਿਧਾਨ ਸਭਾ ਚੋਣ ਹਲਕਾ
ਕਮ-ਉਪ ਮੰਡਲ ਮੈਜਿਸਟਰੇਟ, ਮੌੜ
Officeof the Electoral Registration Office 095 Maur (AC)
Cum-Sub Divisional Magistrate, Maur
(Room No: 104, Election Cell, SDM Office Maur)
E-mail ID:-ero-95@punjab.gov.in, sdmmaurmandi@gmail.com

ਦ/-1
2026/354/9
13/11/2026

ਵੱਲ

1. ਸਮੂਹ ਸੈਕਟਰ ਅਫਸਰ/ਬੂਥ ਲੈਵਲ ਅਫਸਰ,
   ਵਿਧਾਨ ਸਭਾ ਹਲਕਾ 095 ਮੌੜ ।
2. ਸਮੂਹ ਪ੍ਰਧਾਨ/ਸਕੱਤਰ,
   ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ,
   ਵਿਧਾਨ ਸਭਾ ਹਲਕਾ 095 ਮੌੜ ।

ਪੱਤਰ ਨੰ.1556-58/ਚੋਣਾਂ ਮਿਤੀ 12.11.2026

ਵਿਸ਼ਾ:- **ਵਿਸ਼ੇਸ਼ ਸਰਸਰੀ ਸੁਧਾਈ-2027 ਮਿਤੀ 14.11.2026 ਅਤੇ ਮਿਤੀ 15.11.2026 ਨੂੰ ਪੋਲਿੰਗ ਬੂਥਾਂ ਤੇ ਸਪੈਸ਼ਲ ਕੈਂਪ ਲਗਾਉਣ ਸਬੰਧੀ ।**

ਹਵਾਲਾ:- ਜਿਲ੍ਹਾਂ ਚੋਣ ਅਫਸਰ, ਬਠਿੰਡਾ ਜੀ ਦੇ ਦਫਤਰ ਦਾ ਪੱਤਰ ਨੰ.ਚੋਣ-2026/2932 ਮਿਤੀ 19.10.2026 ਦੇ ਸਬੰਧੀ ।

ਉਪਰੋਕਤ ਵਿਸ਼ੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੀਆਂ ਹਦਾਇਤਾ ਅਨੁਸਾਰ ਵਿਸ਼ੇਸ਼ ਸਰਸਰੀ ਸੁਧਾਈ (SSR)-2027 ਦਾ ਐਲਾਨ ਹੋ ਚੁੱਕਾ ਹੈ। ਹਵਾਲਾ ਅਧੀਨ ਪੱਤਰ ਰਾਹੀਂ ਮੁੱਖ ਚੋਣ ਅਫਸਰ, ਪੰਜਾਬ, ਚੰਡੀਗੜ੍ਹ ਜੀ ਪਾਸੋਂ ਪ੍ਰਾਪਤ ਸ਼ਡਿਊਲ ਅਨੁਸਾਰ SIR-2026 ਦੌਰਾਨ ਰਜਿਸਟਰੇਸ਼ਨ ਤੋਂ ਰਹਿ ਗਏ ਯੋਗ ਵੋਟਰਾਂ, ਪਹਿਲੀ ਵਾਰ ਵੋਟ ਬਣਵਾਉਣ ਵਾਲੇ ਨੌਜਵਾਨਾਂ ਅਤੇ ਹੋਰ ਯੋਗ ਵਿਅਕਤੀਆਂ ਦਾ ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ ਲਈ **ਮਿਤੀ 14.11.2026 ਅਤੇ ਮਿਤੀ 15.11.2026 (ਦਿਨ ਸ਼ਨੀਵਾਰ ਅਤੇ ਐਤਵਾਰ) ਨੂੰ ਹਲਕਾ 095 ਮੌੜ ਦੇ ਸਮੂਹ ਪੋਲਿੰਗਾਂ ਬੂਥਾਂ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਸਪੈਸ਼ਲ ਕੈਂਪ** ਲਗਾਏ ਜਾਣਗੇ ।

ਇਨ੍ਹਾਂ ਕੈਂਪਾਂ ਦੌਰਾਨ ਵੋਟਰ ਆਪਣਾ ਨਾਮ ਅੰਤਿਮ ਵੋਟਰ ਸੂਚੀ ਵਿੱਚ ਚੈੱਕ ਕਰ ਸਕਣਗੇ ਅਤੇ ਮਿਤੀ 12.11.2026 ਤੋਂ 11.12.2026 ਤੱਕ ਦਾਅਵੇ ਅਤੇ ਇਤਰਾਜ ਦਾਇਰ ਕਰ ਸਕਣਗੇ। ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਆਪਣੀ ਪਾਰਟੀ ਦੇ ਨੁਮਾਇੰਦੇ/ਬੀ.ਐੱਲ.ਏ.-1/ਬੀ.ਐੱਲ.ਏ.-2 ਰਾਹੀਂ ਇਸ ਸਪੈਸ਼ਲ ਕੈਂਪ ਸਬੰਧੀ ਵੱਧ ਤੋਂ ਵੱਧ ਵੋਟਰਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਯੋਗ ਵੋਟਰ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾ ਸਕਣ ।

ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-
ਉਪ ਮੰਡਲ ਮੈਜਿਸਟਰੇਟ, 095 ਮੌੜ
ਮਿਤੀ 12.11.2026

ਪਿੱਠ ਅੰਕਣ ਨੰ.51-61/ਚੋਣਾਂ
ਇਸ ਦਾ ਇੱਕ ਉਤਾਰਾ:-

1. ਜਿਲ੍ਹਾ ਚੋਣ ਅਫਸਰ, ਬਠਿੰਡਾ ਪਾਸ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
2. ਜਿਲ੍ਹਾ ਸਿੱਖਿਆ ਅਫਸਰ (ਸੀਨੀ. ਸੈਕੰ/ਐਲੀ), ਬਠਿੰਡਾ ਪਾਸ ਭੇਜਕੇ ਲਿਖਿਆ ਜਾਂਦਾ ਹੈ ਕਿ ਜਿਹੜੇ ਸਕੂਲਾਂ ਵਿੱਚ ਪੋਲਿੰਗ ਬੂਥ ਬਣੇ ਹੋਏ ਹਨ, ਇਨ੍ਹਾਂ ਨੂੰ ਮਿਤੀ 14.11.2026 ਅਤੇ ਮਿਤੀ 15.11.2026 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਖੁੱਲ੍ਹੇ ਰੱਖੇ ਜਾਣ ਅਤੇ ਲੋੜੀਦਾ ਫਰਨੀਚਰ ਮੁਹੱਈਆ ਕਰਵਾਇਆ ਜਾਵੇ ।

ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-
ਉਪ ਮੰਡਲ ਮੈਜਿਸਟਰੇਟ, 095 ਮੌੜ

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ
ਪਿਠ ਅੰਕਣ ਨੰ ਜੀ-1/1 ()2026/ 1282 ਮਿਤੀ: 13/11/26
ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ
13/11/26

Scanned with OKEN Scanner